**16ਵੀਂ ਵਿਧਾਨ ਸਭਾ**

**ਪਹਿਲਾ ਸਮਾਗਮ**

**ਪੰਜਾਬ ਵਿਧਾਨ ਸਭਾ**

**ਬੁਲੇਟਿਨ ਨੰ : 4**

**ਸ਼ੁੱਕਰਵਾਰ, 1 ਅਪ੍ਰੈਲ, 2022**

( 10.00 ਵਜੇ ਸਵੇਰੇ ਤੋਂ 01:23 ਵਜੇ ਬਾਅਦ ਦੁਪਹਿਰ ਤੱਕ)

1. **ਮੈਂਬਰਾਂ ਦੁਆਰਾ ਸਹੁੰ ਜਾਂ ਪ੍ਰਤਿਗਿਆ**

ਦੋ ਮਾਨਯੋਗ ਮੈਂਬਰ, ਜਿਨ੍ਹਾਂ ਨੇ ਪਹਿਲਾਂ ਸਹੁੰ ਨਹੀਂ ਚੁਕੀ ਸੀ, ਨੂੰ ਇੱਕ-ਇੱਕ ਕਰਕੇ ਸਹੁੰ ਚੁਕਾਈ ਗਈ।

2. **ਅਕਾਲ ਚਲਾਣੇ ਦਾ ਵਰਣਨ**

ਮਾਨਯੋਗ ਸਪੀਕਰ ਵੱਲੋਂ ਸਰਦਾਰ ਅਜੀਤ ਸਿੰਘ ਸ਼ਾਂਤ, ਸਾਬਕਾ ਐਮ.ਐਲ.ਏ ਦੇ ਅਕਾਲ ਚਲਾਣੇ ਦਾ ਵਰਣਨ ਕੀਤਾ ਗਿਆ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਮਾਨਯੋਗ ਸਪੀਕਰ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਵਿਛੜੀ ਸ਼ਖਸੀਅਤ ਦੇ ਦੁਖੀ ਪਰਿਵਾਰ ਨੂੰ ਸ਼ੋਕ ਸੁਨੇਹਾ ਭੇਜ ਦਿੱਤਾ ਜਾਵੇਗਾ।

ਸਦਨ ਨੇ ਵਿਛੜੀ ਰੂਹ ਦੀ ਯਾਦ ਵਿੱਚ ਸਤਿਕਾਰ ਵਜੋਂ ਦੋ ਮਿੰਟ ਲਈ ਖੜ੍ਹੇ ਹੋ ਕੇ ਮੌਨ ਧਾਰਨ ਕੀਤਾ।

3. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਮਾਨਯੋਗ ਸਪੀਕਰ ਵੱਲੋਂ ਸ਼ਰਧਾਂਜਲੀ ਭੇਂਟ ਕਰਨ ਉਪਰੰਤ ਵਿਛੜੀ ਰੂਹ ਦੇ ਸਤਿਕਾਰ ਵਜੋਂ ਸਦਨ 10.38 ਵਜੇ ਪੂਰਵ ਦੁਪਹਿਰ ਤੱਕ ਅੱਧੇ ਘੰਟੇ ਲਈ ਸਥਗਿਤ ਕੀਤਾ ਗਿਆ।

4. **ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਕੁੱਝ ਨਿਯਮਾਂ ਨੂੰ ਮੁਅੱਤਲ ਕਰਨ ਸਬੰਧੀ ਪ੍ਰਸਤਾਵ**

ਸ੍ਰੀ ਭਗਵੰਤ ਮਾਨ, ਮੁੱਖ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ-

"ਇਹ ਸਦਨ ਸੰਕਲਪ ਕਰਦਾ ਹੈ ਕਿ 16ਵੀਂ ਪੰਜਾਬ ਵਿਧਾਨ ਸਭਾ ਦੇ ਚਾਲੂ ਪਹਿਲੇ ਸਮਾਗਮ ਦੀ ਵਿਸ਼ੇਸ਼ ਬੈਠਕ, ਜੋ ਕੁੱਝ ਜ਼ਰੂਰੀ ਅਤੇ ਮਹੱਤਵਪੂਰਣ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਬੈਠਕ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮ-ਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਬੈਠਕ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਤ ਨਿਯਮ ਉਸ ਹੱਦ ਤੱਕ ਮੁੱਅਤਲ ਕੀਤੇ ਗਏ ਸਮਝੇ ਜਾਣ।"

ਪ੍ਰਸਤਾਵ ਤੇ ਬਹਿਸ ਵਿਚ ਹਿੱਸਾ ਲੈਂਦੇ ਸਮੇਂ ਸਰਦਾਰ ਪਰਗਟ ਸਿੰਘ ਪੋਆਰ, ਇੰਡੀਅਨ ਨੈਸ਼ਨਲ ਕਾਂਗਰਸ 01 ਮਿੰਟ ਲਈ ਬੋਲੇ।

5. **ਨਿਯਮ 16 ਅਧੀਨ ਪ੍ਰਸਤਾਵ**

ਸ੍ਰੀ ਭਗਵੰਤ ਮਾਨ, ਮੁੱਖ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ"।

ਪ੍ਰਸਤਾਵ ਤੇ ਬਹਿਸ ਵਿਚ ਹਿੱਸਾ ਲੈਂਦੇ ਸਮੇਂ ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਇੰਡੀਅਨ ਨੈਸ਼ਨਲ ਕਾਂਗਰਸ 01 ਮਿੰਟ ਲਈ ਬੋਲੇ।

6. <u>ਸਰਕਾਰੀ ਮਤਾ</u>

ਸ੍ਰੀ ਭਗਵੰਤ ਮਾਨ, ਮੁੱਖ ਮੰਤਰੀ ਵਲੋਂ ਹੇਠ ਲਿਖਿਆ ਮਤਾ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

"ਕਿ ਪੰਜਾਬ ਪੁਨਰਗਠਨ ਐਕਟ, 1966 ਦੇ ਦੁਆਰਾ ਪੰਜਾਬ ਦਾ ਪੁਨਰਗਠਨ ਕੀਤਾ ਗਿਆ ਸੀ। ਜਿਸ ਵਿੱਚ, ਪੰਜਾਬ ਰਾਜ ਦਾ ਪੁਨਰਗਠਨ ਹਰਿਆਣਾ ਪ੍ਰਾਂਤ, ਚੰਡੀਗੜ੍ਹ ਕੇਂਦਰੀ ਸ਼ਾਸਿਤ ਪ੍ਰਦੇਸ਼ ਵਿੱਚ ਕੀਤਾ ਗਿਆ ਸੀ ਅਤੇ ਪੰਜਾਬ ਦੇ ਕੁੱਝ ਹਿੱਸੇ ਉਦੋਂ ਦੇ ਹਿਮਾਚਲ ਪ੍ਰਦੇਸ਼, ਕੇਂਦਰੀ ਸ਼ਾਸਿਤ ਪ੍ਰਦੇਸ਼ ਨੂੰ ਦਿੱਤੇ ਗਏ ਸਨ। ਉਦੋਂ ਤੋਂ ਪੰਜਾਬ ਰਾਜ ਅਤੇ ਹਰਿਆਣਾ ਰਾਜ ਦੇ ਨਾਮਜ਼ਦਾਂ ਨੂੰ ਪ੍ਰਬੰਧਕੀ ਪੱਧਰ ਤੇ ਕੁੱਝ ਅਨੁਪਾਤ ਦੇ ਕੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਰਗੀਆਂ ਸਾਂਝੀਆਂ ਸੰਪਤੀਆਂ ਦੇ ਪ੍ਰਬੰਧ ਵਿੱਚ ਸੰਤੁਲਨ ਬਣਾਇਆ ਗਿਆ ਸੀ। ਕੇਂਦਰ ਸਰਕਾਰ ਨੇ ਆਪਣੀਆਂ ਕੁੱਝ ਹਾਲ ਹੀ ਦੀਆਂ ਕਾਰਵਾਈਆਂ ਵਿੱਚ ਇਸ ਸੰਤੁਲਨ ਨੂੰ ਅਸੰਤੁਲਿਤ ਕਰਨ ਦੀ ਕੋਸ਼ਿਸ਼ ਕੀਤੀ ਹੈ। ਹਾਲ ਹੀ ਵਿੱਚ ਕੇਂਦਰ ਸਰਕਾਰ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਮੈਂਬਰਾਂ ਦੀਆਂ ਅਸਾਮੀਆਂ ਦਾ ਇਸ਼ਤਿਹਾਰ ਸਾਰੀਆਂ ਰਾਜ ਸਰਕਾਰਾਂ ਅਤੇ ਕੇਂਦਰ ਸਰਕਾਰ ਦੇ ਅਧਿਕਾਰੀਆਂ ਨੂੰ ਭੇਜਿਆ ਹੈ, ਜਦ ਕਿ ਇਹ ਅਸਾਮੀਆਂ ਰਿਵਾਇਤੀ ਤੌਰ ਤੇ ਪੰਜਾਬ ਅਤੇ ਹਰਿਆਣਾ ਦੇ ਅਧਿਕਾਰੀਆਂ ਦੁਆਰਾ ਭਰੀਆਂ ਜਾਂਦੀਆਂ ਹਨ। ਇਸ ਤਰ੍ਹਾਂ, ਚੰਡੀਗੜ੍ਹ ਪ੍ਰਸ਼ਾਸ਼ਨ ਨੂੰ ਹਮੇਸ਼ਾ 60:40 ਦੇ ਅਨੁਪਾਤ ਵਿੱਚ ਪੰਜਾਬ ਅਤੇ ਹਰਿਆਣਾ ਦੇ ਅਫ਼ਸਰਾਂ ਦੁਆਰਾ ਵਿਵਸਥਿਤ ਕੀਤਾ ਗਿਆ ਹੈ। ਐਪਰ, ਹਾਲ ਹੀ ਵਿੱਚ ਕੇਂਦਰ ਸਰਕਾਰ ਨੇ ਚੰਡੀਗੜ੍ਹ ਵਿਖੇ ਬਾਹਰਲੇ ਅਫ਼ਸਰਾਂ ਨੂੰ ਤੈਨਾਤ ਕੀਤਾ ਹੈ ਅਤੇ ਚੰਡੀਗੜ੍ਹ ਪ੍ਰਸ਼ਾਸ਼ਨ ਦੇ ਕਰਮਚਾਰੀਆਂ ਲਈ ਕੇਂਦਰੀ ਸਿਵਲ ਸੇਵਾ ਨਿਯਮ ਲਾਗੂ ਕੀਤੇ ਹਨ, ਜੋ ਅਤੀਤ ਵਿੱਚ ਬਣੀ ਸਹਿਮਤੀ ਸਮਝ ਦੇ ਬਿਲਕੁਲ ਵਿੱਰੁਧ ਹਨ।

ਚੰਡੀਗੜ੍ਹ ਸ਼ਹਿਰ ਨੂੰ ਪੰਜਾਬ ਦੀ ਰਾਜਧਾਨੀ ਵਜੋਂ ਹੋਂਦ ਵਿੱਚ ਲਿਆਂਦਾ ਗਿਆ ਸੀ। ਜੇਕਰ ਪਿਛਲੀਆਂ ਮਿਸਾਲਾਂ ਵੇਖੋ ਤਾਂ ਜਦੋਂ ਵੀ ਕਿਸੇ ਰਾਜ ਦਾ ਵਿਭਾਜਨ ਹੋਇਆ ਹੈ, ਤਾਂ ਰਾਜਧਾਨੀ ਮੂਲ ਰਾਜ ਪਾਸ ਰਹਿੰਦੀ ਹੈ। ਇਸ ਲਈ ਪੰਜਾਬ, ਮੁਕੰਮਲ ਤੌਰ ਤੇ ਚੰਡੀਗੜ੍ਹ ਨੂੰ ਪੰਜਾਬ ਨੂੰ ਦਿੱਤੇ ਜਾਣ ਲਈ ਆਪਣਾ ਦਾਅਵਾ ਪੇਸ਼ ਕਰਦਾ ਰਿਹਾ ਹੈ।

ਪਹਿਲਾਂ ਵੀ, ਇਸ ਸਦਨ ਨੇ ਚੰਡੀਗੜ੍ਹ, ਪੰਜਾਬ ਨੂੰ ਦੇਣ ਲਈ ਕੇਂਦਰੀ ਸਰਕਾਰ ਪਾਸ ਬੇਨਤੀ ਕਰਦੇ ਹੋਏ ਬਹੁਤ ਸਾਰੇ ਮਤੇ ਪਾਸ ਕੀਤੇ ਹਨ, ਇਕਸੁਰਤਾ ਬਣਾਏ ਰੱਖਣ ਲਈ ਅਤੇ ਲੋਕਾ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਇਹ ਸਦਨ ਇਕ ਵਾਰ ਫਿਰ ਚੰਡੀਗੜ੍ਹ ਪੰਜਾਬ ਨੂੰ ਤੁਰੰਤ ਦੇਣ ਲਈ ਕੇਂਦਰੀ ਸਰਕਾਰ ਕੋਲ ਮਾਮਲਾ ਉਠਾਉਣ ਲਈ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ। ਇਹ ਸਦਨ, ਸਾਡੇ ਸੰਵਿਧਾਨ ਵਿਚ ਦਰਜ ਸੰਘਵਾਦ ਦੇ ਸਿਧਾਂਤਾਂ ਨੂੰ ਸਤਿਕਾਰ ਦੇਣ ਲਈ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਉਹ ਕੇਂਦਰ ਸਰਕਾਰ ਨੂੰ ਬੇਨਤੀ ਕਰੇ ਕੇ ਉਹ ਅਜਿਹਾ ਕੋਈ ਵੀ ਕਦਮ ਨਾ ਚੁੱਕੇ ਜਿਸ ਨਾਲ ਚੰਡੀਗੜ੍ਹ ਪ੍ਰਸ਼ਾਸ਼ਨ ਅਤੇ ਬੀ.ਬੀ.ਐਮ.ਬੀ ਵਰਗੀਆਂ ਹੋਰ ਸਾਂਝੀਆਂ ਸੰਪਤੀਆਂ ਦੇ ਸੰਤੁਲਨ ਵਿੱਚ ਵਿਘਨ ਪਵੇ।"

ਨਿਮਨਲਿਖਤ ਮੈਂਬਰਾਂ ਨੇ ਮਤੇ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ | 08 ਮਿੰਟ |
| 2. | ਸਰਦਾਰ ਪ੍ਰਤਾਪ ਸਿੰਘ ਬਾਜਵਾ, ਇੰਡੀਅਨ ਨੈਸ਼ਨਲ ਕਾਂਗਰਸ | 09 ਮਿੰਟ |
| 3. | ਸ੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ | 16 ਮਿੰਟ |
| 4. | ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 08 ਮਿੰਟ |
| 5. | ਪ੍ਰੋਫੈਸਰ ਬਲਜਿੰਦਰ ਕੌਰ, ਆਮ ਆਦਮੀ ਪਾਰਟੀ | 12 ਮਿੰਟ |
| 6. | ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਇੰਡੀਅਨ ਨੈਸ਼ਨਲ ਕਾਂਗਰਸ | 05 ਮਿੰਟ |
| 7. | ਸ੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 18 ਮਿੰਟ |

| | |
|---|---|
| 8. ਸਰਦਾਰ ਸੁਖਪਾਲ ਸਿੰਘ ਖਹਿਰਾ, ਇੰਡੀਅਨ ਨੈਸ਼ਨਲ ਕਾਂਗਰਸ | 12 ਮਿੰਟ |
| 9. ਸਰਦਾਰ ਜੈ ਕ੍ਰਿਸ਼ਨ ਸਿੰਘ, ਆਮ ਆਦਮੀ ਪਾਰਟੀ | 13 ਮਿੰਟ |
| 10. ਡਾਕਟਰ ਜੀਵਨਜੋਤ ਕੌਰ, ਆਮ ਆਦਮੀ ਪਾਰਟੀ | 03 ਮਿੰਟ |
| 11. ਸ੍ਰੀ ਅਸ਼ਵਨੀ ਸ਼ਰਮਾ, ਭਾਰਤੀ ਜਨਤਾ ਪਾਰਟੀ | 04 ਮਿੰਟ |
| 12. ਸਰਦਾਰ ਪਰਗਟ ਸਿੰਘ ਪੋਆਰ, ਇੰਡੀਅਨ ਨੈਸ਼ਨਲ ਕਾਂਗਰਸ | 10 ਮਿੰਟ |
| 13. ਡਾਕਟਰ ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ | 01 ਮਿੰਟ |
| 14. ਰਾਣਾ ਇੰਦਰ ਪ੍ਰਤਾਪ ਸਿੰਘ, ਆਜ਼ਾਦ | 01 ਮਿੰਟ |
| 15. ਸ੍ਰੀ ਸੰਦੀਪ ਜਾਖੜ, ਇੰਡੀਅਨ ਨੈਸ਼ਨਲ ਕਾਂਗਰਸ | 04 ਮਿੰਟ |

ਸ੍ਰੀ ਭਗਵੰਤ ਮਾਨ, ਮੁੱਖ ਮੰਤਰੀ ਬਹਿਸ ਦਾ ਜਵਾਬ ਦਿੰਦੇ ਹੋਏ 23 ਮਿੰਟ ਲਈ ਬੋਲੇ।

7. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸ੍ਰੀਮਤੀ ਦੇਵੀ ਸ਼ਰਮਾ, ਮਾਨਯੋਗ ਸਪੀਕਰ, ਸਿਟੀ ਕੌਂਸਲ ਆਫ ਵਿਨੀਪੈਗ, ਕੈਨੇਡਾ ਦੇ ਪਰਿਵਾਰ ਸਮੇਤ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

8. **ਵਾਕ ਆਊਟ**

ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਮਤੇ ਤੇ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਦੇ ਰੋਸ ਵਜੋਂ ਸਦਨ ਵਿੱਚੋਂ ਵਾਕ ਆਊਟ ਕਰ ਗਏ।

9. **ਮੈਂਬਰ ਨੂੰ ਨੇਮ ਕਰਨਾ**

ਰਾਣਾ ਇੰਦਰ ਪ੍ਰਤਾਪ ਸਿੰਘ, ਆਜ਼ਾਦ ਮੈਂਬਰ, ਵੱਲੋਂ ਚੇਅਰ ਦੇ ਬਾਰ ਬਾਰ ਅਪੀਲ ਕਰਨ ਦੇ ਬਾਵਜੂਦ, ਲਗਾਤਾਰ ਸਦਨ ਦੀ ਕਾਰਵਾਈ ਵਿੱਚ ਵਿਘਨ ਪਾਉਣ ਕਾਰਨ ਮਾਨਯੋਗ ਸਪੀਕਰ ਵੱਲੋਂ ਉਨ੍ਹਾਂ ਨੂੰ ਨੇਮ ਕੀਤਾ ਗਿਆ ਅਤੇ ਮਾਰਸ਼ਲ ਨੂੰ ਬਾਹਰ ਕੱਢਣ ਲਈ ਹੁਕਮ ਕੀਤੇ ਜਾਣ ਤੇ ਮਾਰਸ਼ਲ ਵੱਲੋਂ ਉਨ੍ਹਾਂ ਨੂੰ ਸਦਨ ਵਿੱਚੋਂ ਬਾਹਰ ਲਿਜਾਇਆ ਗਿਆ, ਜਿਸ ਨਾਲ ਉਹ ਅੱਜ ਦੀ ਬੈਠਕ ਦੇ ਬਾਕੀ ਰਹਿੰਦੇ ਸਮੇਂ ਲਈ ਮੁਅੱਤਲ ਹੋ ਗਏ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਸੁਰਿੰਦਰ ਪਾਲ
ਸਕੱਤਰ

ਚੰਡੀਗੜ੍ਹ
01 ਅਪ੍ਰੈਲ, 2022

5/4/22

Principal Chief Reporter
Punjab Vidhan Sabha
Chandigrah